**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 06-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਤਰਾਖੰਡ ਨੂੰ ਸਾਲ ਭਰ, ਸੈਰ-ਸਪਾਟੇ ਦਾ ਕੇਂਦਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਏ। ਅੱਜ ਉੱਤਰਕਾਸ਼ੀ ਦੇ ਹਰਸੀਲ ਵਿਖੇ ਇੱਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ , ਉਨ੍ਹਾਂ ਸੂਬੇ ਵਿੱਚ ਸਰਦ ਰੁੱਤ ਸੈਰ ਸਪਾਟੇ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ, ਹੁਣ ਸੂਬੇ ਵਿੱਚ ਸਾਰਾ ਸਾਲ ਸੈਰ ਸਪਾਟੇ ਦਾ ਸੀਜ਼ਨ ਰਹੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਦੀਆਂ ਦੌਰਾਨ ਸੂਬੇ ਦੀ ਕੁਦਰਤੀ ਸੁੰਦਰਤਾ ਸਿਖਰ 'ਤੇ ਹੁੰਦੀ ਏ ਪਰ ਇਸ  ਇਸ ਸਮੇਂ ਹੋਟਲ ਅਤੇ ਹੋਮ ਸਟੇਅ ਖਾਲੀ ਰਹਿੰਦੇ ਨੇ। ਇਸ ਸਥਿਤੀ ਨੂੰ ਬਦਲਣ ਦੀ ਲੋੜ ਏ । ਰਾਜ ਵਿੱਚ ਸੈਰ-ਸਪਾਟੇ ਨਾਲ ਸਬੰਧਤ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਜ਼ਿਕਰ ਕਰਦੇ ਹੋਏ, ਸ੍ਰੀ ਮੋਦੀ ਨੇ ਚਾਰਧਾਮ ਰੋਡ ਪ੍ਰੋਜੈਕਟ ਅਤੇ ਰੋਪਵੇਅ ਪ੍ਰੋਜੈਕਟਾਂ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਉਮੀਦ ਪ੍ਰਗਟਾਈ ਕਿ ਗੌਰੀਕੁੰਡ-ਕੇਦਾਰਨਾਥ ਅਤੇ ਗੋਵਿੰਦਘਾਟ-ਹੇਮਕੁੰਟ ਰੋਪਵੇਅ ਪ੍ਰੋਜੈਕਟ ਯਾਤਰੀਆਂ ਨੂੰ ਵੱਡੀ ਸਹੂਲਤ ਪ੍ਰਦਾਨ ਕਰਨਗੇ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ 50 ਹਜ਼ਾਰ ਹੋਰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ  ਕੱਲ ਸਰਕਾਰ ਦੇ 'ਮਿਸ਼ਨ ਰੋਜ਼ਗਾਰ' ਨੂੰ ਜਾਰੀ ਰੱਖਦੇ ਹੋਏ 763 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਤਿੰਨ ਸਾਲਾਂ ਵਿੱਚ ਨੌਜਵਾਨਾਂ ਨੂੰ 51 ਹਜ਼ਾਰ 655 ਸਰਕਾਰੀ ਨੌਕਰੀਆਂ ਦਿੱਤੀਆਂ ਨੇ। ਮੁੱਖ ਮੰਤਰੀ ਨੇ ਕਿਹਾ ਉਹ ਨੌਜਵਾਨਾਂ ਨੂੰ ਰੋਜ਼ਗਾਰ ਦੇ ਕੇ ਉਨ੍ਹਾਂ ਦੇ ਹੱਥਾਂ ਵਿੱਚ ਟਿਫਿਨ ਸੌਂਪਣਾ ਚਾਹੁੰਦੇ ਹਨ ਤਾਂ ਜੋ ਨੌਜਵਾਨ ਨਸ਼ਿਆਂ ਤੇ ਹੋਰ ਅਲਾਮਤਾਂ ਤੋਂ ਦੂਰ ਰਹਿ ਸਕਣ।

---------------------------------------------------------

ਪੰਜਾਬ ਦੇ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੰਮ੍ਰਿਤਸਰ ਜ਼ਿਲੇ ਦੇ ਰਾਜਾ ਸਾਂਸੀ ਨੇੜੇ ਪਿੰਡ ਝੰਜੋਟੀ ਵਿਖੇ ਗੜੇਮਾਰੀ ਨਾਲ ਪ੍ਰਭਾਵਿਤ ਹੋਏ ਪਿੰਡਾਂ ਵਿੱਚ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ।

ਉਨ੍ਹਾਂ ਨੇ ਨੁਕਸਾਨੀਆਂ ਗਈਆਂ ਫਸਲਾਂ ਦਾ ਮੁਆਵਜਾ ਛੇਤੀ ਦੇਣ ਦਾ ਐਲਾਨ ਕੀਤਾ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਅਗਲੀ ਫਸਲ ਦੀ ਬਿਜਾਈ ਲਈ ਮੱਕੀ ਅਤੇ ਮੂੰਗੀ ਦਾ ਬੀਜ ਸਬਸਿਡੀ

ਉੱਤੇ ਦਿੱਤਾ ਜਾਵੇਗਾ। ਮੰਤਰੀ ਨੇ ਪਸ਼ੂਆਂ ਦੀ ਖੁਰਾਕ ਦਾ ਤੁਰੰਤ ਪ੍ਰਬੰਧ ਕਰਨ ਦੀ ਵੀ ਹਦਾਇਤ ਕੀਤੀ। ਇਸ ਮੌਕੇ ਓਨਾ ਦੇ ਨਾਲ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੀ ਮੌਜੂਦ ਰਹੇ।

---

'ਯੁੱਧ ਨਸ਼ਿਆਂ ਵਿਰੁੱਧ' ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸੂਬੇ ਭਰ ਵਿੱਚ ਭਰਵਾਂ ਹੁੰਗਾਰਾ ਮਿਲਣ ਨਾਲ ਨਸ਼ਿਆਂ ਵਿਰੁੱਧ ਪੰਜਾਬ ਦੀ ਲੜਾਈ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਨੇ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਕੇ ਭੱਜ ਰਹੇ ਹਨ ਜਾਂ ਪੁਲਿਸ ਦੁਆਰਾ ਫੜੇ ਜਾ ਰਹੇ ਹਨ, ਜਿਸ ਨਾਲ ਨਸ਼ਾ ਮੁਕਤ ਪੰਜਾਬ ਦਾ ਰਾਹ ਪੱਧਰਾ ਹੋ ਰਿਹਾ ਏ। ਵਿੱਤ ਮੰਤਰੀ ਨੇ ਤਿੰਨ ਜ਼ਿਲ੍ਹਿਆਂ ਤਰਨਤਾਰਨ, ਪਠਾਨਕੋਟ ਅਤੇ ਗੁਰਦਾਸਪੁਰ ਦੇ ਆਪਣੇ ਦੌਰੇ ਦੌਰਾਨ ਸਥਾਨਕ ਲੀਡਰਸ਼ਿਪ ਦੀ ਹਾਜ਼ਰੀ ਵਿੱਚ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨਾਲ ਮੀਟਿੰਗਾਂ ਕੀਤੀਆਂ। ਉਨ੍ਹਾਂ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਲੋਕਾਂ ਦੀ ਹਿੱਸੇਦਾਰੀ, ਨਸ਼ਾ ਛੁਡਾਊ ਯਤਨਾਂ ਨੂੰ ਵਧਾਉਣ, ਨਸ਼ਾ ਕਾਰੋਬਾਰੀਆਂ ਵਿਰੁੱਧ ਪੁਲਿਸ ਕਾਰਵਾਈਆਂ ਤੇਜ਼ ਕਰਨ ਅਤੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਵਿਦਿਅਕ

ਮੁਕਾਬਲੇ, ਖੇਡਾਂ ਅਤੇ ਸੱਭਿਆਚਾਰਕ ਸਮਾਗਮਾਂ ਵਰਗੀਆਂ ਉਸਾਰੂ ਗਤੀਵਿਧੀਆਂ ਵੱਲ ਉਤਸ਼ਾਹਿਤ ਕਰਨ ’ਤੇ ਜ਼ੋਰ ਦਿੱਤਾ।

-----------------------------------------------------

ਪੰਜਾਬ ਪੁਲਿਸ ਨੇ ਪਿਛਲੇ ਪੰਜ ਦਿਨਾਂ ਵਿੱਚ ਸੂਬੇ ਵਿੱਚ ਛਾਪੇਮਾਰੀ ਦੌਰਾਨ 547 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਸੂਬੇ ਵਿੱਚ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਅੱਜ ਪੰਜਵਾਂ ਦਿਨ ਏ । ਕਈ ਜ਼ਿਲ੍ਹਿਆਂ ਵਿੱਚ, ਤਸਕਰਾਂ ਨੇ ਨਸ਼ਿਆਂ ਰਾਹੀਂ ਕਮਾਏ ਪੈਸੇ ਤੋਂ ਵੱਡੀ ਦੌਲਤ ਇਕੱਠੀ ਕੀਤੀ ਏ। ਛਾਪੇਮਾਰੀ ਦੌਰਾਨ ਵੱਡੀ ਮਾਤਰਾ ਵਿੱਚ ਹੈਰੋਇਨ, ਅਫੀਮ ਅਤੇ ਨਸ਼ੀਲੀਆਂ ਗੋਲੀਆਂ ਵੀ ਜ਼ਬਤ ਕੀਤੀਆਂ ਗਈਆਂ । ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡਿ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (EDP) - ਲਾਗੂ ਕੀਤੀ ਗਈ ਏ। ਨਸ਼ਿਆਂ ਦੀ ਰੋਕਥਾਮ ਦੇ ਹਿੱਸੇ ਵਜੋਂ ਬੀਤੇ ਦਿਨੀਂ ਸੂਬੇ ਭਰ ਵਿੱਚ 150 ਤੋਂ ਵੱਧ ਨਸ਼ਾ-ਜਾਗਰੂਕਤਾ ਸਮਾਗਮਾਂ ਦਾ ਆਯੋਜਨ ਵੀ ਕੀਤਾ ਗਿਆ।

-----------------------------------------------------

ਪਹਾੜਾਂ ’ਤੇ ਬਰਫਬਾਰੀ ਤੋਂ ਬਾਅਦ ਪੰਜਾਬ ’ਚ ਠੰਢ ਵਧ ਗਈ ਏ ।

ਹਾਲਾਂਕਿ ਆਸਮਾਨ ਸਾਫ ਰਹਿਣ ਅਤੇ ਧੁੱਪ ਖਿੜਨ ਨਾਲ ਲੋਕਾਂ ਨੂੰ ਕੁਝ ਰਾਹਤ ਵੀ ਮਿਲੀ ਏ। ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਹਫ਼ਤੇ ਵਿੱਚ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਏ ਅਤੇ ਨਾ ਹੀ ਕੋਈ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ ਜਿਸ ਕਾਰਨ ਪੂਰਾ ਹਫ਼ਤਾ ਚੰਗੀ ਧੁੱਪ ਰਹੇਗੀ ਪਰ ਪਿਛਲੇ ਕੁਝ ਦਿਨਾਂ ਤੋਂ ਪਹਾੜਾਂ ਵਿੱਚ ਬਰਫਬਾਰੀ ਹੋਣ ਕਾਰਨ ਵਧੀ ਠੰਢ ਹੁਣ ਘਟਣੀ ਸ਼ੁਰੂ ਹੋ ਜਾਵੇਗੀ । ਰੋਜ਼ਾਨਾ ਤਾਪਮਾਨ ‘ਚ ਵਾਧਾ ਹੋਵੇਗਾ। ਮੌਸਮ ਕੇਂਦਰ ਦੇ ਅਨੁਮਾਨ ਮੁਤਾਬਕ ਆਉਣ ਵਾਲੇ ਹਫ਼ਤੇ ਦੌਰਾਨ ਪੰਜਾਬ ਦੇ ਸ਼ਹਿਰਾਂ ਦਾ ਤਾਪਮਾਨ 30 ਡਿਗਰੀ ਦੇ ਆਸ-ਪਾਸ ਜਾਂ ਪਾਰ ਹੋ ਸਕਦਾ ਏ ।